ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਫਰੀਦਕੋਟ ਵਾਸੀਆਂ ਲਈ ਰਾਹਤ ਵਾਲੀ ਖਬਰ

ਕਰੋਨਾ ਜਾਂਚ ਲਈ ਭੇਜੇ 61 ਸੈਂਪਲਾਂ ਵਿਚੋਂ 41 ਦੀ ਰਿਪੋਰਟ ਪ੍ਰਾਪਤ ਹੋਈ, ਸਾਰੇ ਨੈਗਟਿਵ-ਡਿਪਟੀ ਕਮਿਸ਼ਨਰ

20 ਦੀ ਰਿਪੋਰਟ ਆਉਣੀ ਬਾਕੀ

ਸਿਵਲ ਸਰਜਨ ਵੱਲੋਂ ਲੋਕਾਂ ਨੂੰ ਸਿਹਤ ਸੰਭਾਲ ਸਬੰਧੀ ਚੌਕਸ ਹੋਣ ਦੀ ਅਪੀਲ

ਫਰੀਦਕੋਟ 7 ਅਪ੍ਰੈਲ ( ) ਫਰੀਦਕੋਟ ਦੇ ਹਰਿੰਦਰਾ ਨਗਰ ਦੇ ਵਸਨੀਕ ਦੀ ਕਰੋਨਾ ਪੋਜ਼ਟਿਵ ਰਿਪੋਰਟ ਆਉਣ ਉਪਰੰਤ ਉਸ ਦੇ ਸੰਪਰਕ ਵਿੱਚ ਆਏ ਲੋਕਾਂ ਦੇ ਸਮੇਤ ਕੁੱਲ 62 ਸੈਂਪਲ ਜਾਂਚ ਲਈ ਅਮ੍ਰਿਤਸਰ ਭੇਜੇ ਗਏ ਹਨ ਜਿਨ੍ਹਾਂ ਵਿਚੋਂ ਕੁੱਲ 41 ਸੈਪਲਾਂ ਦੀ ਰਿਪੋਰਟ ਪ੍ਰਾਪਤ ਹੋ ਚੁੱਕੀ ਹੈ ਜਦੋਂ ਕਿ ਇਹ ਸਾਰੇ ਸੈਂਪਲ ਨੈਗਟਿਵ ਆਏ ਹਨ ਅਤੇ ਇਨ੍ਹਾਂ ਵਿੱਚ ਕਰੋਨਾ ਪੋਜਟਿਵ ਮਰੀਜ਼ ਦੀ ਪਤਨੀ ਅਤੇ ਬੱਚਾ ਵੀ ਸ਼ਾਮਲ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦਿੱਤੀ।ਉਨ੍ਹਾਂ ਕਿਹਾ ਕਿ ਫਰੀਦਕੋਟ ਵਾਸੀਆਂ ਲਈ ਅਤੇ ਪ੍ਰਸ਼ਾਸਨ ਲਈ ਇਹ ਖਬਰ ਰਾਹਤ ਦੇਣ ਵਾਲੀ ਹੈ। ਉਨ੍ਹਾਂ ਕਿਹਾ ਕਿ 20 ਸੈਂਪਲਾਂ ਦੀ ਜਾਂਚ ਰਿਪੋਰਟ ਆਉਣੀ ਬਾਕੀ ਹੈ।

ਇਸ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫਰੀਦਕੋਟ ਡਾ. ਰਜਿੰਦਰ ਕੁਮਾਰ ਨੇ ਦੱਸਿਆ ਕਿ ਫਰੀਦੋਟ ਦੇ ਹਰਿੰਦਰਾ ਨਗਰ ਦੇ ਵਸਨੀਕ 35 ਸਾਲਾਂ ਨੌਜਵਾਨ ਦੀ ਕਰੋਨਾ ਪੋਜ਼ਟਿਵ ਰਿਪੋਰਟ ਦਾ ਪਤਾ 2 ਅਪ੍ਰੈਲ ਨੂੰ ਲੱਗਾ ਸੀ। ਜਿਸ ਉਪਰੰਤ ਮਰੀਜ਼ ਨੂੰ ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਦਾਖਲ ਕੀਤਾ ਗਿਆ ਹੈ ਅਤੇ ਇਸ ਉਪਰੰਤ ਹਰਿੰਦਰਾ ਨਗਰ ਇਲਾਕੇ ਨੂੰ ਜਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ ਸੀਲ ਕਰਕੇ ਮਰੀਜ਼ ਦੇ ਸਬੰਧ ਵਿੱਚ ਆਏ ਲੋਕਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਕੁੱਲ 45 ਸੈਂਪਲਾਂ ਸਮੇਤ ਕੁੱਲ 61 ਸੈਂਪਲ ਜਾਂਚ ਲਈ ਭੇਜੇ ਗਏ ਸਨ ਅਤੇ ਅੱਜ ਪ੍ਰਾਪਤ ਹੋਈ ਏਨਾ 41 ਸੈਂਪਲਾ ਵਿਚੋਂ 29 ਸੈਂਪਲ ਕਰੋਨਾ ਪੋਜ਼ਟਿਵ ਮਰੀਜ਼ਾਂ ਨਾਲ ਸਬੰਧਤ ਅਤੇ 12 ਸੈਪਲ ਤਬਲੀਗੀ ਜਮਾਤ ਨਾਲ ਸਬੰਧਤ ਸਨ ਜੋ ਕਿ ਸਾਰੇ ਹੀ ਨੈਗਟਿਵ ਆਏ ਹਨ। ਉਨ੍ਹਾਂ ਕਿਹਾ ਕਿ ਨੈਗਟਿਵ ਰਿਪੋਰਟ ਵਿੱਚ ਕਰੋਨਾ ਪੀੜਤ ਮਰੀਜ ਦੀ ਗਰਭਵਤੀ ਪਤਨੀ ਅਤੇ ਬੱਚਾ ਵੀ ਸ਼ਾਮਲ ਹਨ ਜਦ ਕਿ ਉਸ ਦੀ ਮਾਤਾ ਦੀ ਰਿਪੋਰਟ ਆਉਣੀ ਬਾਕੀ ਹੈ। ਉਨ੍ਹਾਂ ਕਿਹਾ ਕਿ ਅਮ੍ਰਿਤਸਰ ਲੈਬ ਵਿਖੇ ਭੇਜੇ ਗਏ ਸੈਂਪਲਾਂ ਵਿਚੋਂ 20 ਸੈਂਪਲਾਂ ਦੀ ਰਿਪੋਰਟ ਆਉਣੀ ਬਾਕੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਅਨੁਸਾਰ ਕਰਫਿਊ ਦੇ ਨਿਯਮਾਂ ਦੀ ਪਾਲਣਾ ਕਰਨ ਅਤੇ ਘਰਾਂ ਵਿੱਚ ਹੀ ਰਹਿ ਕੇ ਕਰੋਨਾ ਬਿਮਾਰੀ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਸਮੇਂ ਸਮੇਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ।ਉਨ੍ਹਾਂ ਕਿਹਾ ਕਿ ਮੈਡੀਕਲ ਕਾਲਜ ਫਰੀਦਕੋਟ ਵਿਖੇ ਦਾਖਲ ਕਰੋਨਾ ਪੀੜਤ ਮਰੀਜ਼ ਦਾ ਇਲਾਜ ਵਧੀਆ ਚੱਲ ਰਿਹਾ ਹੈ ਤੇ ਉਸ ਦੀ ਹਾਲਤ ਵਿੱਚ ਸੁਧਾਰ ਹੋ ਰਿਹਾ ਹੈ।

ਇਸ ਮੌਕੇ ਉਨ੍ਹਾਂ ਦੇ ਨਾਲ ਡਾ. ਚੰਦਰ ਸ਼ੇਖਰ ਐਸ.ਐਮ.ਓ, ਡਾ. ਅਨੀਤਾ ਚੌਹਾਨ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਰੀਦਕੋਟ

## ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਰੋਜ਼ਾਨਾ ਪੜ੍ਹਨ ਲਈ ਆਨ ਲਾਈਨ ਸਮੱਗਰੀ ਭੇਜੀ ਹਾ ਰਹੀ ਹੈ-ਡੀ.ਈ.ਓ ਕਮਲਜੀਤ ਤਾਹੀਮ

### ਅਧਿਆਪਕਾਂ ਵੱਲੋ ਵਿਦਿਆਰਥੀਆਂ ਨੂੰ ਕਰਵਾਈ ਜਾ ਰਹੀ ਆਨ-ਲਾਈਨ ਪੜ੍ਹਾਈ ਵਧੀਆਂ ਉਪਰਾਲਾ

ਫ਼ਰੀਦਕੋਟ 7 ਅਪ੍ਰੈਲ ( ) ਕੋਵਿਡ 19 ਕਰੋਨਾ ਮਹਾਮਾਰੀ ਦੇ ਫੈਲਾਅ ਨੂੰ ਰੋਕਣ ਲਈ ਕੇਂਦਰ ਸਰਕਾਰ ਵੱਲੋ ਪੂਰੇ ਭਾਰਤ 'ਚ ਕੀਤਾ ਗਿਆ ਲਾਕਡਾਊਨ ਤੇ ਸੂਬਾ ਸਰਕਾਰ ਵੱਲੋਂ ਕਰਫਿਊ ਲਗਾਇਆਂ ਗਿਆ ਹੈ। ਇਸ ਨੂੰ ਮੁੱਖ ਰੱਖਦਿਆਂ ਸਰਕਾਰੀ ਸਕੂਲ ਦੇ ਅਧਿਆਪਕਾਂ ਵੱਲੋਂ ਸਿੱਖਿਆ ਵਿਭਾਗ ਪੰਜਾਬ ਦੀਆ ਹਦਾਇਤਾਂ ਦੇ ਮੱਦੇਨਜਰ ਅਧਿਆਪਕਾਂ ਵੱਲੋ ਸਵੈ ਇੱਛਾ ਨਾਲ ਬੱਚਿਆ ਨੂੰ ਆਨ ਲਾਈਨ ਪੜ੍ਹਾਈ ਕਰਵਾਈ ਜਾ ਰਹੀ ਹੈ, ਤਾਂ ਜੋ ਨਵੇਂ ਸੈਸ਼ਨ ਵਿੱਚ ਬੱਚਿਆ ਦੀ ਪੜ੍ਹਾਈ ਪ੍ਰਭਾਵਿਤ ਨਾ ਹੋ ਸਕੇ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ/ਸੈਕੰਡਰੀ ਸ੍ਰੀ ਕਮਲਜੀਤ ਤਾਹੀਮ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਰੋਜ਼ਾਨਾ ਪੜ੍ਹਨ ਲਈ ਆਨ-ਲਾਈਨ ਸਮੱਗਰੀ ਭੇਜੀ ਹਾ ਰਹੀ ਹੈ , ਜਿਸ ਨੂੰ ਅਧਿਆਪਕਾਂ ਵੱਲੋਂ ਸ਼ੋਸ਼ਲ ਮੀਡੀਆ ਦੀ ਵਰਤੋਂ ਕਰਕੇ ਬੱਚਿਆ ਨੂੰ ਪੜ੍ਹਾ ਰਹੇ ਹਨ ਜੋ ਕਿ ਵਧੀਆਂ ਉਪਰਾਲਾ ਹੈ। ਉਨਾ ਦੱਸਿਆ ਕਿ ਅਧਿਆਪਕਾਂ ਨਾਲ ਬਲਾਕ ਪੱਧਰ ਤੇ ਵੀਡਿਓ ਕਾਨਫਰੰਸ ਕਰਕੇ ਹੌਂਸਲਾ ਅਫ਼ਜਾਈ ਕੀਤੀ ਜਾ ਰਹੀ ਹੈ। ਇਸ ਦੇ ਨਾਲ ਨਾਲ ਵਿਦਿਆਰਥੀ ਆਪਣੇ ਅਧਿਆਪਕਾਂ ਦੇ ਵਟਸਐਪ ਤੇ ਕੀਤੇ ਕੰਮ ਦੀਆ ਤਸਵੀਰਾਂ ਵੀ ਭੇਜ ਰਹੇ ਹਨ।ਉਹਨਾਂ ਹੋਰ ਦੱਸਿਆ ਕਿ ਵਿਭਾਗੀ ਹਦਾਇਤਾ ਅਨੁਸਾਰ ਅਧਿਆਪਕਾਂ ਵੱਲੋਂ ਨਾਨ ਬੋਰਡ ਕਲਾਸਾ ਦਾ ਨਤੀਜਾ ਐਲਾਨ ਕਰਕੇ ਬੱਚਿਆ ਨੂੰ ਅਗਲੀ ਸ੍ਰੇਣੀ ਵਿੱਚ ਪ੍ਰਮੋਟ ਕਰ ਦਿੱਤਾ ਗਿਆ ਹੈ ਤੇ ਹੁਣ ਅਧਿਆਪਕਾਂ ਵੱਲੋਂ ਬੱਚਿਆ ਨੂੰ ਆਨ-ਲਾਈਨ ਪੜ੍ਹਾਇਆ ਜਾ ਰਿਹਾ ਹੈ।

ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ ਦੇ ਜ਼ਿਲਾ ਕੋਆਡੀਨੇਟਰ ਮਨਦੀਪ ਸਿੰਘ ਨੇ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਬੱਚਿਆ ਲਈ ਆਨ-ਲਾਈਨ ਕੰਮ ਭੇਜਿਆ ਜਾ ਰਿਹਾ ਹੈ, ਜਿਸ ਦੀ ਫੀਡ ਬੈਕ ਵਧੀਆਂ ਮਿਲ ਰਹੀ ਹੈ। ਉਨਾ ਅਧਿਆਪਕਾਂ ਦੀ ਹੌਂਸਲਾ ਅਫ਼ਜਾਈ ਕਰਕੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

------